ਪਉੜੀ ॥ ਜਿਉ ਮਛੁਲੀ ਬਿਨੁ ਪਾਣੀਐ ਕਿਉ ਜੀਵਣੁ ਪਾਵੈ ॥ ਬੂੰਦ ਵਿਹੂਣਾ ਚਾਤ੍ਰਿਕੋ ਕਿਉ ਕਰਿ ਤ੍ਰਿਪਤਾਵੈ ॥ ਨਾਦ ਕੁਰੰਕਹਿ ਬੇਧਿਆ ਸਨਮੁਖ ਉਠਿ ਧਾਵੈ ॥ ਭਵਰੁ ਲੋਭੀ ਕੁਸਮ ਬਾਸੁ ਕਾ ਮਿਲਿ ਆਪੁ ਬੰਧਾਵੈ ॥ ਤਿਉ ਸੰਤ ਜਨਾ ਹਰਿ ਪ੍ਰੀਤਿ ਹੈ ਦੇਖਿ ਦਰਸੁ ਅਘਾਵੈ ॥੧੨॥ {ਪੰਨਾ 708}

ਪਦਅਰਥ:- ਬੂੰਦ—ਮੀਂਹ ਦੀ ਕਣੀ। ਕੁਰੰਕਹਿ—ਹਰਨ ਨੂੰ। ਬੇਧਿਆ—ਵਿੰਨ੍ਹ ਲੈਂਦਾ ਹੈ। ਸਨਮੁਖ—ਨਾਦ ਦੇ ਸਾਹਮਣੇ, ਉਸ ਪਾਸੇ ਵਲ ਜਿਧਰੋਂ ਘੰਡੇਹੇੜੇ ਦੀ ਆਵਾਜ਼ ਆਉਂਦੀ ਹੈ। ਕੁਸਮ—ਫੁੱਲ। ਬਾਸੁ—ਸੁਗੰਧੀ। ਆਪੁ—ਆਪਣੇ ਆਪ ਨੂੰ। ਅਘਾਵੈ—ਰੱਜ ਜਾਂਦੇ ਹਨ। ਚਾਤ੍ਰਿਕੁ—ਪਪੀਹਾ। ਨਾਦ—ਆਵਾਜ਼ {ਹਰਨ ਨੂੰ ਫੜਨ ਲਈ ਘੜੇ ਨੂੰ ਖੱਲ ਨਾਲ ਮੜ੍ਹ ਕੇ ਉਸ ਵਿਚੋਂ ਆਵਾਜ਼ ਕੱਢਦੇ ਹਨ। ਇਹ ਆਵਾਜ਼ ਹਰਨ ਨੂੰ ਪਿਆਰੀ ਲੱਗਦੀ ਹੈ। ਜਿਧਰੋਂ ਇਹ ਆਵਾਜ਼ ਆਉਂਦੀ ਹੈ, ਉਧਰ ਤੁਰ ਪੈਂਦਾ ਹੈ}।12।

ਅਰਥ:- ਜਿਵੇਂ ਮੱਛੀ ਪਾਣੀ ਤੋਂ ਬਿਨਾ ਜੀਊ ਨਹੀਂ ਸਕਦੀ, ਜਿਵੇਂ ਮੀਂਹ ਦੀ ਕਣੀ ਤੋਂ ਬਿਨਾ ਪਪੀਹਾ ਰੱਜ ਨਹੀਂ ਸਕਦਾ, ਜਿਵੇਂ, (ਘੰਡੇਹੇੜੇ ਦੀ) ਆਵਾਜ਼ ਹਰਨ ਨੂੰ ਮੋਹ ਲੈਂਦੀ ਹੈ, ਉਹ ਓਧਰ ਹੀ ਉੱਠ ਦੌੜਦਾ ਹੈ, ਜਿਵੇਂ, ਭੌਰਾ ਫੁੱਲ ਦੀ ਸੁਗੰਧੀ ਦਾ ਆਸ਼ਕ ਹੁੰਦਾ ਹੈ, (ਫੁੱਲ ਨਾਲ) ਮਿਲ ਕੇ ਆਪਣੇ ਆਪ ਨੂੰ ਫਸਾ ਲੈਂਦਾ ਹੈ। ਤਿਵੇਂ, ਸੰਤਾਂ ਨੂੰ ਪ੍ਰਭੂ ਨਾਲ ਪ੍ਰੇਮ ਹੁੰਦਾ ਹੈ, ਪ੍ਰਭੂ ਦਾ ਦੀਦਾਰ ਕਰ ਕੇ ਉਹ ਰੱਜ ਜਾਂਦੇ ਹਨ।12।